ਪੰਜਾਬ ਦੀ ਆਵਾਜ਼ ਅਜੀਤ®

**Daily Ajit, Jalandhar** ਜਲੰਧਰ : ਬੁੱਧਵਾਰ, 11 ਨਵੰਬਰ, 2009 28 ਕੱਤਕ ਨਾਨਕਸ਼ਾਹੀ ਸੰਮਤ 541, ਭਾਰਤੀ ਸਮਾਂ : **2:29:30 AM**

# ਸਵਿਟਜ਼ਰਲੈਂਡ 'ਚ ਪ੍ਰਕਾਸ਼ ਪੁਰਬ ਸਬੰਧੀ ਸਮਾਗਮ



**ਲੀਗਲ ਬੱਲ (ਸਵਿਟਜ਼ਰਲੈਂਡ) ਵਿਖੇ ਪ੍ਰਕਾਸ਼ ਪੁਰਬ ਸਬੰਧੀ ਸਮਾਗਮ ਦੌਰਾਨ ਕੀਰਤਨ ਕਰਦਾ ਹੋਇਆ ਰਾਗੀ ਜਥਾ।**

ਬਾਰਸੀਲੋਨਾ, 10 ਨਵੰਬਰ (ਖ਼ਾਨਪੁਰੀ)-ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸਵਿਟਜ਼ਰਲੈਂਡ ਦੇ ਸ਼ਹਿਰ ਲੀਗਲਬੱਲ ਵਿਖੇ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਤੇ ਸਮੂਹ ਸੰਗਤਾਂ ਵੱਲੋਂ ਭਾਰੀ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਗਿਆ। ਆਸਾ ਜੀ ਦੀ ਵਾਰ ਦੇ ਕੀਰਤਨ ਉਪਰੰਤ ਸਪੇਨ ਤੋਂ ਆਏ ਭਾਈ ਫਰੀਦ ਜੀ ਦੇ ਗੁਰੂ ਨਾਨਕ ਨਿਸ਼ਕਾਮ ਸੇਵਕ ਜਥੇ (ਸਪੇਨ) ਨੇ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਕਮੇਟੀ ਵੱਲੋਂ ਸਨਮਾਨਯੋਗ ਸ਼ਖ਼ਸੀਅਤਾਂ ਨੂੰ ਗੁਰੂ ਘਰ ਦੀ ਅਸੀਸ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਕਰਨ ਸਿੰਘ, ਭਾਈ ਹਰਵਿੰਦਰ ਸਿੰਘ ਖਾਲਸਾ, ਭਾਈ ਦਲੀਪ ਸਿੰਘ ਖਾਲਸਾ, ਭਾਈ ਜਸਵੀਰ ਸਿੰਘ ਖਾਲਸਾ ਤੋਂ ਇਲਾਵਾ ਦੂਰੋਂ-ਨੇੜਿਉਂ ਸੰਗਤਾਂ ਪਹੁੰਚੀਆਂ ਹੋਈਆਂ ਸਨ